# ਸ਼ਹੀਦ ਭਗਤ ਸਿੰਘ

ਜਿਹੜਾ ਵੀ ਮਨੁੱਖ ਪ੍ਰਗਤੀ ਦਾ ਹਾਮੀ ਹੈ, ਉਹਨੂੰ ਲਾਜ਼ਮੀ ਤੌਰ ਉਤੇ ਪੁਰਾਣੇ ਵਿਸ਼ਵਾਸ ਦੀ ਹਰ ਗੱਲ ਦੀ ਆਲੋਚਨਾ ਕਰਨੀ ਪਵੇਗੀ, ਇਹਦੇ ਵਿਚ ਅਵਿਸ਼ਵਾਸ ਪ੍ਰਗਟ ਕਰਨਾ ਪਏਗਾ, ਤੇ ਇਹਦੇ ਹਰ ਪਹਿਲੂ ਤੂੰ ਵੰਗਾਰਨਾ ਪਏਗਾ ।



ਇਹ ਫੈਸਲਾ ਮੈਂ ਨਹੀਂ ਸਗੋਂ ਮੇਰੇ ਪਾਠਕਾਂ ਨੇ ਕਰਨਾ ਹੈ ਕਿ ਮੇਰੀਆਂ ਦਲੀਲਾ ਖ਼ੁੱਭਵੀਆਂ ਸਾਬਤ ਹੋਈਆਂ ਹਨ ਜਾਂ ਨਹੀਂ । ਮੈਨੂੰ ਪਤਾ ਹੈ ਕਿ ਹੁਣ ਦੀਆਂ ਹਾਲਾਤਾਂ ਵਿਚ ਜੋ ਮੈਂ ਆਸਤਕ ਹੁੰਦਾ ਤਾਂ ਮੇਰੀ ਜ਼ਿੰਦਗੀ ਹੁਣ ਨਾਲੋਂ ਆਸਾਨ ਹੋਣੀ ਸੀ ਅਤੇ ਮੇਰਾ ਬੋਝ ਹੁਣ ਨਾਲੋਂ ਘੱਟ ਹੋਣਾ ਸੀ ਅਤੇ ਮੇਰੇ ਰੱਬ ਦੀ ਹੋਂਦ ਤੋਂ ਇਨਕਾਰੀ ਹੋਵੇ ਕਰਕੇ ਹਾਲਾਤ ਬਹੁਤ ਹੀ ਅਣਸੁਖਾਵੇਂ ਹੋ ਗਏ ਹਨ ਤੇ ਹਾਲਤ ਇਸ ਤੋਂ ਵੀ ਭੈੜੀ ਹੋ ਸਕਦੀ ਹੈ । ਥੋੜ੍ਹਾ ਜਿੰਨਾ ਰਹੱਸਵਾਦ ਇਸ ਹਾਲਤ ਨੂੰ ਸ਼ਾਇਰਾਨਾ ਬਣਾ ਸਕਦਾ ਹੈ । ਪਰ ਮੈਨੂੰ ਅਪਣੇ ਅੰਤ ਵਾਸਤੇ ਕਿਸੇ ਨਸ਼ੇ ਦੀ ਮਦਦ ਦੀ ਲੋੜ ਨਹੀਂ । ਮੈਂ ਯਥਾਰਥਵਾਦੀ ਹਾਂ ।